ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਕਰਫਿਊ ਦੇ ਚੱਲਦੇ ਕਿਸੇ ਵੀ ਸਹਾਇਤਾ ਲਈ ਡਾਇਲ ਕਰੋ ਫੋਨ-ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 29 ਅਪ੍ਰੈਲ ( )-

ਸਰਕਾਰ ਨੇ ਕਰਫਿਊ ਦੌਰਾਨ ਦੌਰਾਨ ਤੁਹਾਡੇ ਘਰਾਂ ਦੀਆਂ ਲੋੜਾਂ, ਡਾਕਟਰੀ ਸਹਾਇਤਾ, ਮੈਡੀਕਲ ਅਤੇ ਤਣਾਅ ਨਾਲ ਜੁੜੇ ਹੋਰ ਮੁੱਦਿਆਂ ਅਤੇ ਪੁਲਿਸ ਸਹਾਇਤਾ ਲਈ ਤਹਾਨੂੰ ਫੋਨ ਨੰਬਰਾਂ ਉਤੇ ਸਹਾਇਤਾ ਦੇਣ ਦਾ ਪ੍ਰਬੰਧ ਕੀਤਾ ਹੈ ਅਤੇ ਤੁਸੀਂ ਕਿਸੇ ਵੀ ਤਰਾਂ ਦੀ ਸਹਾਇਤਾ ਲਈ ਪੰਜਾਬ ਸਰਕਾਰ ਵੱਲੋਂ ਇਨਾਂ ਜਾਰੀ ਕੀਤੇ ਗਏ ਵੱਖ-ਵੱਖ ਹੈਲਪ ਲਾਇਨ ਨੰਬਰ ਡਾਇਲ ਕਰ ਸਕਦੇ ਹੋ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਇਹ ਪ੍ਰਗਟਾਵਾ ਕਰਦੇ ਜਿਲ•ੇ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਇੰਨਾ ਹੈਲਪ ਲਾਇਨ ਨੰਬਰਾਂ ਵਿਚ ਦਿਮਾਗੀ ਪਰੇਸ਼ਾਨੀ, ਘਬਰਾਹਟ ਆਦਿ ਦੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਵਾਸਤੇ ਪੰਜਾਬ ਸਰਕਾਰ ਨੇ ਨਾਗਰਿਕਾਂ ਲਈ ਵਿਸ਼ੇਸ਼ ਹੈਲਪਲਾਈਨ ਨੰਬਰ 18001804104 ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕ ਟੈਲੀ-ਕਾਨਫਰੰਸਿੰਗ ਰਾਹੀਂ ਸੀਨੀਅਰ ਡਾਕਟਰਾਂ ਦੇ ਨੈੱਟਵਰਕ ਨਾਲ ਜੁੜ ਕੇ ਕੋਵਿਡ-19 ਅਤੇ ਇਸ ਨਾਲ ਸਬੰਧਤ ਹੋਰ ਪਰੇਸ਼ਾਨੀਆਂ ਲਈ ਮੈਡੀਕਲ ਸਲਾਹ ਲੈ ਸਕਦੇ ਹਨ।

ਇਸੇ ਤਰਾਂ ਕਿਸੇ ਵੀ ਤਰਾਂ ਦੀ ਡਾਕਟਰੀ ਸਹਾਇਤਾ, ਕੋਰੋਨਾ ਵਾਇਰਸ ਦੇ ਲੱਛਣਾਂ ਲਈ ਆਪਣੀ ਜਾਂਚ ਕਰਨ ਆਦਿ ਉਤੇ ਸਲਾਹ ਲਈ 24 ਘੰਟੇ ਚੱਲਣ ਵਾਲਾ ਸਹਾਇਤਾ ਨੰਬਰ 104 ਡਾਇਲ ਕਰ ਸਕਦੇ ਹੋ। ਲਾਕ ਡਾਊਨ ਦੌਰਾਨ ਘਰੇਲੂ ਹਿੰਸਾ, ਪੁਲਿਸ ਸਹਾਇਤਾ ਜਾਂ ਕਿਸੇ ਵੀ ਸਮਾਜ ਵਿਰੋਧੀ ਅਨਸਰ ਵਿਰੁੱਧ ਪੁਲਿਸ ਦੀ ਸਹਾਇਤਾ ਪ੍ਰਾਪਤ ਕਰਨ ਲਈ 112 ਨੰਬਰ ਡਾਇਲ ਕੀਤਾ ਜਾ ਸਕਦਾ ਹੈ। ਐਬੂਲੈਂਸ ਦੀ ਸਹਾਇਤਾ ਲਈ ਪਹਿਲਾਂ ਦੀ ਤਰਾਂ 108 ਨੰਬਰ ਡਾਇਲ ਕੀਤਾ ਜਾ ਸਕਦਾ ਹੈ।

ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਅਸੀਂ ਅੰਮ੍ਰਿਤਸਰ ਜਿਲ •ੇ ਦੇ ਕੰਟਰੋਲ ਰੂਮ, ਜੋ ਕਿ 24 ਘੰਟੇ ਕੰਮ ਕਰਦਾ ਹੈ, ਦੇ ਨੰਬਰ ਵੀ ਜਾਰੀ ਕੀਤੇ ਹਨ, ਲੋਕ ਕਿਸੇ ਵੀ ਤਰਾਂ ਦੀ ਸਹਾਇਤਾ ਲਈ ਇਨਾਂ ਨੰਬਰਾਂ ਤੋਂ ਮਦਦ ਲੈਣ, ਪਰ ਆਪਣੇ ਘਰਾਂ ਦੇ ਅੰਦਰ ਰਹਿਣ, ਤਾਂ ਕਿ ਵਾਇਰਸ ਦਾ ਪਸਾਰ ਰੁੱਕਿਆ ਰਹੇ। ਉਨਾਂ ਦੱਸਿਆ ਕਿ ਜਿਲ•ਾ ਕੰਟਰੋਲ ਰੂਮ ਦੇ ਫੋਨ ਨੰਬਰ 0183-2500398, 2500498, 2500598, 2500698 ਅਤੇ 2500798 ਹਨ, ਤੁਹਾਡੀ ਸਹਾਇਤਾ ਲਈ ਹਰ ਵੇਲੇ ਕੰਮ ਕਰਦੇ ਹਨ।

=========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਜਿਲਾ ਮੈਜਿਸਟਰੇਟ ਵੱਲੋਂ ਪਾਨ ਮਸਾਲੇ ਅਤੇ ਤੰਬਾਕੂ ਪਦਾਰਥਾਂ ਦੀ ਵਰਤੋਂ ਅਤੇ ਵੇਚਣ ਉਤੇ ਰੋਕ

ਅੰਮ੍ਰਿਤਸਰ, 29 ਅਪ੍ਰੈਲ ( )-

ਕੋਵਿਡ 19, ਜੋ ਕਿ ਕਿਸੇ ਆਦਮੀ ਦੇ ਛਿੱਕਣ ਜਾਂ ਖੰਘਣ ਤੋਂ ਫੈਲਦਾ ਹੋਣ ਕਾਰਨ ਅਜਿਹੇ ਤੰਬਾਕੂ ਪਦਾਰਥ, ਜਿੰਨਾ ਦੀ ਵਰਤੋਂ ਥੁੱਕਣ ਨੂੰ ਵਧਾਉਂਦੀ ਹੈ, ਦੀ ਵਰਤੋਂ, ਵੇਚਣ, ਭੰਡਾਰ ਅਤੇ ਉਸ ਨੂੰ ਉਤਸ਼ਾਹਿਤ ਕਰਨ ਲਈ ਕੀਤੀ ਜਾਂਦੀ ਇਸ਼ਤਹਾਰਬਾਜ਼ੀ ਉਤੇ ਜਿਲਾ ਮੈਜਿਸਟਰੇਰਟ ਕਮ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਮੁਕੰਮਲ ਰੂਪ ਵਿਚ ਪਾਬੰਦੀ ਲਗਾ ਦਿੱਤੀ ਹੈ। ਜਾਰੀ ਕੀਤੇ ਹੁਕਮਾਂ ਵਿਚ ਜਿਲਾ ਮੈਜਿਸਟਰੇਟ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਤਾਂ ਲੋਕਾਂ ਦੀ ਜਾਨ ਦੀ ਰਾਖੀ ਲਈ ਰਾਜ ਵਿਚ ਕਰਫਿਊ ਲਗਾਇਆ ਹੋਇਆ ਹੈ ਕਿ ਕਿਧਰੇ ਕੋਈ ਵਿਅਕਤੀ ਕਿਸੇ ਦੀ ਖੰਘ ਜਾਂ ਛਿੱਕ ਵਿਚੋਂ ਆਉਂਦੇ ਥੁੱਕ ਦੇ ਸੂਖਮ ਕਣਾਂ ਨਾਲ ਕੋਈ ਦੂਸਰਾ ਵਿਅਕਤੀ ਵਾਇਰਸ ਦਾ ਸ਼ਿਕਾਰ ਨਾ ਹੋਵੇ ਤਾਂ ਅਜਿਹੇ ਵਿਚ ਤੰਬਾਕੂ ਪਦਾਰਥ ਜਿੰਨਾ ਕਰਕੇ ਵਾਰ-ਵਾਰ ਥੁੱਕਣਾ ਪੈਂਦਾ ਹੈ, ਦੀ ਆਗਿਆ ਨਹੀਂ ਦਿੱਤੀ ਜਾ ਸਕਦੀ। ਸੈਕਸ਼ਨ 144 ਸੀ.ਆਰ.ਪੀ.ਸੀ. ਐਕਟ 1973 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਜਾਰੀ ਕੀਤੇ ਹੁਕਮਾਂ ਵਿਚ ਉਨਾਂ ਸਪੱਸ਼ਟ ਕੀਤਾ ਹੈ ਕਿ ਹੁਣ ਕੋਈ ਵੀ ਵਿਅਕਤੀ ਜਿਲੇ ਵਿਚ ਤੰਬਾਕੂ ਪਦਾਰਥ ਜਿਸ ਵਿਚ ਪਾਨ ਮਸਾਲਾ ਵਰਗੇ ਉਤਪਾਦ ਵੀ ਸ਼ਾਮਿਲ ਹਨ, ਦੇ ਉਤਪਾਦਨ, ਅਯਾਤ, ਨਿਰਯਾਤ, ਢੋਆ-ਢੁਆਈ, ਵੇਚ, ਵੰਡ, ਭੰਡਾਰ, ਵਰਤੋਂ ਕਰਨ ਅਤੇ ਅਜਿਹੇ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਵਾਲੀ ਇਸ਼ਤਿਹਾਰਬਾਜ਼ੀ ਉਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਗਈ ਹੈ। ਜੋ ਵੀ ਵਿਅਕਤੀ ਇੰਨਾਂ ਹੁਕਮਾਂ ਦੀ ਉਲੰਘਣਾ ਕਰਦਾ ਕਾਬੂ ਆਇਆ ਉਸ ਵਿਰੁੱਧ ਸੈਕਸ਼ਨ 188, 268, 269 ਅਤੇ 207 ਅਧੀਨ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨਾਂ ਹੁਕਮਾਂ ਦੀ ਕਾਪੀ ਪੁਲਿਸ ਵਿਭਾਗ ਨੂੰ ਭੇਜਦੇ ਹੋਏ ਇਸ ਮੁੱਦੇ ਉਤੇ ਤਰੁੰਤ ਕਾਰਵਾਈ ਅਮਲ ਵਿਚ ਲਿਆਉਣ ਦੀ ਹਦਾਇਤ ਕੀਤੀ ਹੈ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਕਣਕ ਦੀ ਖਰੀਦ ਵਿਚ ਜਾਨ ਤੇ ਮਾਲ ਸਰਕਾਰ ਦੀ ਪਹਿਲੀ ਤਰਜੀਹ-ਵਰੁਣ ਰੂਜ਼ਮ

ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੰਡੀਆਂ ਵਿਚ ਪੁੱਜੇ ਮਾਰਕਫੈਡ ਦੇ ਐਮ. ਡੀ.

ਜਿਲਾ ਅਧਿਕਾਰੀਆਂ ਨਾਲ ਵੀ ਕੀਤੀ ਮੀਟਿੰਗ

ਅੰਮ੍ਰਿਤਸਰ, 29 ਅਪ੍ਰੈਲ ( )-

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਰਾਜ ਦੇ ਵੱਖ-ਵੱਖ ਜ਼ਿਲਿਆਂ ਵਿੱਚ ਮੰਡੀਆਂ ਦਾ ਦੌਰਾ ਕਰਕੇ ਖਰੀਦ ਕਾਰਜਾਂ ਦਾ ਜਾਇਜ਼ਾ ਲੈਣ ਲਈ ਅਧਿਕਾਰਤ ਕੀਤੇ ਗਏ ਸੀਨੀਅਰ ਅਧਿਕਾਰੀ ਵਜੋਂ ਸ੍ਰੀ ਵਰੁਣ ਰੂਜ਼ਮ ਐਮ. ਡੀ. ਮਾਰਕਫੈਡ ਅਤੇ ਸੈਰ ਸਪਾਟਾ ਵਿਭਾਗ ਦੇ ਸੈਕਟਰੀ ਸ੍ਰੀ ਹੁਸਨ ਲਾਲ ਨੇ ਅੱਜ ਅੰਮ੍ਰਿਤਸਰ ਜ਼ਿਲੇ ਦੀਆਂ ਮੰਡੀਆਂ ਭਗਤਾਂਵਾਲਾ, ਜੰਡਿਆਲਾ ਗੁਰੂ, ਰਈਆ ਆਦਿ ਦਾ ਦੌਰਾ ਕੀਤਾ। ਉਨਾਂ ਮੰਡੀਆਂ ਵਿਚ ਕਿਸਾਨਾਂ ਨੂੰ ਕਣਕ ਲਿਆਉਣ ਲਈ ਦਿੱਤੇ ਜਾਂਦੇ ਪਾਸ ਦੇ ਅਮਲੀਕਰਨ, ਸਬੰਧਤ ਮੰਡੀਆਂ ਵਿੱਚ ਪਹੁੰਚ ਰਹੀ ਕਣਕ ਤੋਂ ਇਲਾਵਾ ਕਣਕ ਦੀ ਗੁਣਵੱਤਾ ਅਤੇ ਕੋਵਿਡ-19 ਪ੍ਰੋਟੋਕੋਲ ਦੀ ਪਾਲਣਾ ਸਬੰਧੀ ਸਾਰੀ ਜਾਣਕਾਰੀ ਪ੍ਰਾਪਤ ਕੀਤੀ ਅਤੇ ਹੁਣ ਤੱਕ ਚੱਲ ਰਹੇ ਕੰਮ ਦਾ ਵਿਸਥਾਰ ਤੇ ਇਸ ਨੂੰ ਕਿਵੇਂ ਲਾਗੂ ਕੀਤਾ ਜਾ ਰਿਹਾ ਹੈ, ਬਾਬਤ ਮੰਡੀ ਵਿਚ ਪਹੁੰਚ ਕੇ ਵੇਖਿਆ।

ਉਨਾਂ ਕਣਕ ਦੀ ਖਰੀਦ ਅਤੇ ਚੁਕਾਈ ਨੂੰ ਨਿਰਧਾਰਤ ਸਮੇਂ ਵਿੱਚ ਪੂਰਾ ਕਰਨ ਲਈ ਡਿਪਟੀ ਕਮਿਸ਼ਨਰ ਸਮੇਤ ਖਰੀਦ ਦੇ ਕੰਮ ਵਿਚ ਲੱਗੇ ਸਾਰੀਆਂ ਏਜੰਸੀਆਂ ਦੇ ਜ਼ਿਲਾ ਮੁਖੀਆਂ ਨਾਲ ਗੱਲਬਾਤ ਕੀਤੀ ਅਤੇ ਹਦਾਇਤ ਕੀਤੀ ਕਿ ਸਰਕਾਰ ਵੱਲੋਂ ਕੋਵਿਡ 19 ਦੇ ਫੈਲਾਅ ਨੂੰ ਰੋਕਣ ਲਈ ਮੰਡੀ ਵਿਚ ਲਾਗੂ ਕਰਨ ਲਈ ਜੋ ਵੀ ਸਾਵਧਾਨੀਆਂ ਦਿੱਤੀਆਂ ਗਈਆਂ ਹਨ, ਉਨਾਂ ਨੂੰ ਲਾਗੂ/ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨਾਂ ਕਿਹਾ ਕਿ ਮੰਡੀਆਂ ਵਿਚ ਆਉਂਦੇ ਕਿਸਾਨਾਂ, ਕੰਮ ਕਰਦੇ ਮਜ਼ਦੂਰਾਂ, ਆੜਤੀਆਂ ਅਤੇ ਸਰਕਾਰੀ ਅਧਿਕਾਰੀਆਂ ਦੀ ਜਾਨ ਸਾਡੀ ਪਹਿਲੀ ਤਰਜੀਹ ਹੈ। ਉਨਾਂ ਕਿਹਾ ਕਿ ਸਰਕਾਰ ਕਿਸਾਨ ਦਾ ਇਕ-ਇਕ ਦਾਣਾ ਖਰੀਦੇਗੀ, ਪਰ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਕੋਈ ਮੰਡੀ ਵਿਚੋਂ ਵਾਇਰਸ ਦਾ ਸ਼ਿਕਾਰ ਨਾ ਹੋਵੇ।

ਇਸ ਮੌਕੇ ਹੁਣ ਤੱਕ ਮੰਡੀਆਂ ਵਿੱਚ ਪਹੁੰਚੀ/ਖਰੀਦੀ ਕਣਕ ਦਾ ਵਿਸਥਾਰ ਦਿੰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਅਜੇ ਸਾਡੇ ਕੋਲ 25 ਪ੍ਰਤੀਸ਼ਤ ਕਣਕ ਹੀ ਪੁੱਜੀ ਹੈ। ਜ਼ਿਲੇ ਦੀਆਂ ਮੰਡੀਆਂ ਵਿਚ ਆਈ 144704 ਮੀਟ੍ਰਿਕ ਟਨ ਕਣਕ ਵਿਚੋਂ 143262 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਜਾ ਚੁੱਕੀ ਹੈ, ਜਿਸ ਵਿਚੋਂ ਜ਼ਿਆਦਾਤਰ ਸਰਕਾਰੀ ਏਜੰਸੀਆਂ ਵੱਲੋਂ ਹੀ ਕੀਤੀ ਗਈ ਹੈ। ਉਨਾਂ ਦੱਸਿਆ ਕਿ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਗਏ ਪ੍ਰਬੰਧਾਂ ਅਨੁਸਾਰ ਮੰਡੀ ਵਿਚ ਕਿਸਾਨਾਂ ਜਾਂ ਮਜ਼ਦੂਰਾਂ ਨੂੰ ਮੁਸ਼ਿਕਲ ਪੇਸ਼ ਨਹੀਂ ਆ ਰਹੀ ਅਤੇ ਨਾ ਹੀ ਆਉਣ ਦਿੱਤੀ ਜਾਵੇਗੀ। ਉਨਾਂ ਦੱਸਿਆ ਕਿ ਜੇਕਰ ਕਿਸਾਨ ਕਣਖ ਸਮੇਂ ਨਾਲ ਲੈ ਕੇ ਆ ਰਿਹਾ ਹੈ ਅਤੇ ਕਣਕ ਸੁੱਕੀ ਹੈ ਤਾਂ ਕਿਸਾਨ ਨੂੰ ਮੰਡੀ ਵਿਚ ਰਾਤ ਰਹਿਣ ਦੀ ਨੌਬਤ ਨਹੀਂ ਆ ਰਹੀ। ਉਨਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਪਨਗ੍ਰੇਨ ਵੱਲੋਂ 36310 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 32997 ਮੀਟ੍ਰਿਕ ਟਨ, ਪਨਸਪ ਵੱਲੋਂ 26024 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 27702 ਮੀਟ੍ਰਿਕ ਟਨ ਅਤੇ ਕੇਂਦਰ ਸਰਕਾਰ ਦੀ ਏਜੰਸੀ ਐਫ.ਸੀ.ਆਈ. ਵੱਲੋਂ

20229 ਮੀਟ੍ਰਿਕ ਟਨ ਕਣਕ ਖ਼ਰੀਦੀ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਵਪਾਰੀਆਂ ਵੱਲੋਂ 1341 ਮੀਟਰਕ ਟਨ ਕਣਕ ਖਰੀਦੀ ਗਈ ਹੈ। ਉਨਾਂ ਦੱਸਿਆ ਕਿ ਹੁਣ ਤੱਕ ਖਰੀਦ ਕੀਤੀ ਕਣਕ ਵਿਚੋਂ ਕਰੀਬ 86 ਪ੍ਰਤੀਸ਼ਤ ਦੀ ਲਿਫਟਿੰਗ ਵੀ ਹੋ ਚੁੱਕੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਸ਼ੂੰ ਅਗਰਵਾਲ, ਜਿਲਾ ਖੁਰਾਕ ਸਪਲਾਈ ਕੰਟਰੋਲਰ ਸ੍ਰੀ ਲਖਵਿੰਦਰ ਸਿੰਘ, ਜਿਲਾ ਮੈਨੇਜਰ ਮਾਰਕਫੈਡ ਸ੍ਰੀ ਗੁਰਪ੍ਰੀਤ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਕੈਪਸ਼ਨ

Î ਮੰਡੀ ਭਗਤਾਂਵਾਲਾ ਦੇ ਦੌਰੇ ਮੌਕੇ ਮਾਰਕਫੈਡ ਦੇ ਐਮ ਡੀ ਸ੍ਰੀ ਵਰੁਣ ਰੂਜ਼ਮ।

-ਸਰਕਟ ਹਾਊਸ ਵਿਖੇ ਜਿਲਾ ਅਧਿਕਾਰੀਆਂ ਨਾਲ ਗੱਲਬਾਤ ਕਰਦੇ ਸ੍ਰੀ ਵਰੁਣ ਰੂਜ਼ਮ, ਸ੍ਰੀ ਹੁਸਨ ਲਾਲ, ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਅਤੇ ਹੋਰ ਅਧਿਕਾਰੀ।

===========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਜ਼ਰੂਰਤਮੰਦ ਲੋਕਾਂ ਲਈ ਮੇਰੇ ਘਰ ਦੇ ਦਰਵਾਜ਼ੇ ਹਮੇਸ਼ਾ ਖੁੱਲੇ-ਸੋਨੀ

ਅੰਮ੍ਰਿਤਸਰ ਕੇਂਦਰੀ ਹਲਕੇ ਲਈ ਰਾਸ਼ਨ ਦੇ 12 ਟਰੱਕ ਤੋਰੇ

ਅੰਮ੍ਰਿਤਸਰ, 29 ਅਪ੍ਰੈਲ ( )-

ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਕਰਫਿਊ ਦੇ ਚੱਲਦੇ ਜਰੂਰਤ ਮੰਦ ਲੋਕਾਂ ਲਈ ਪੰਜਾਬ ਸਰਕਾਰ ਵੱਲੋਂ ਜਿਲਾ ਪ੍ਰਸ਼ਾਸ਼ਨ ਦੀ ਅਗਵਾਈ ਹੇਠ ਕੀਤੇ ਜਾ ਰਹੇ ਕੰਮਾਂ ਉਤੇ ਸੰਤਸ਼ੁਟੀ ਪ੍ਰਗਟ ਕਰਦੇ ਕਿਹਾ ਕਿ ਜਿਲੇ ਦੇ ਸਾਰੇ ਅਧਿਕਾਰੀ ਲੋੜਵੰਦ ਲੋਕਾਂ ਦੀ ਮਦਦ ਵਿਚ ਲੱਗੇ ਹੋਏ ਹਨ। ਅੱਜ ਅੰਮ੍ਰਿਤਸਰ ਕੇਂਦਰੀ ਹਲਕੇ ਲਈ ਪੰਜਾਬ ਸਰਕਾਰ ਵੱਲੋਂ ਆਏ ਰਾਸ਼ਨ ਦੇ 12 ਟਰੱਕ ਰਵਾਨਾ ਕਰਨ ਮੌਕੇ ਸ੍ਰੀ ਸੋਨੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਰਾਜ ਪੱਧਰ ਅਤੇ ਜਿਲਾ ਪੱਧਰ ਉਤੇ ਕੰਟਰੋਲ ਰੂਮ ਬਣਾਏ ਹੋਏ ਹਨ, ਜਿੱਥੋਂ ਕੋਈ ਵੀ ਫੋਨ ਕਰਕੇ ਮਦਦ ਲੈ ਸਕਦਾ ਹੈ। ਇਸ ਤੋਂ ਇਲਾਵਾ ਮੇਰਾ ਘਰ ਵੀ ਲੋੜਵੰਦ ਲੋਕਾਂ ਲਈ ਹਰ ਵੇਲੇ ਖੁੱਲਾ ਹੈ। ਉਨਾਂ ਕਿਹਾ ਕਿ ਲੋਕਾਂ ਨੇ ਕੋਵਿਡ 19 ਖਿਲਾਫ ਲੜਾਈ ਵਿਚ ਵੱਡਾ ਸਾਥ ਦਿੱਤਾ ਹੈ ਅਤੇ ਹੁਣ ਕੁੱਝ ਹੀ ਦਿਨਾਂ ਦੀ ਖੇਡ ਬਾਕੀ ਹੈ। ਉਨਾਂ ਕਿਹਾ ਕਿ ਹਲਾਤ ਦੇ ਅਨੁਸਾਰ ਮੁੱਖ ਮੰਤਰੀ ਫੈਸਲਾ ਲੈਣਗੇ।

ਸ੍ਰੀ ਸੋਨੀ ਨੇ ਕਿਹਾ ਕਿ ਸਰਕਾਰ ਦੇ ਨਾਲ-ਨਾਲ ਦਾਨੀ ਸੱਜਣਾਂ ਨੇ ਵੀ ਵੱਡਾ ਸਾਥ ਲੋਕਾਂ ਦਾ ਦਿੱਤਾ ਹੈ। ਅੱਜ ਵੀ ਸ੍ਰੀ ਪ੍ਰਿੰਸ ਖੁੱਲਰ ਵੱਲੋਂ ਲੋੜਵੰਦ ਲੋਕਾਂ ਲਈ 500 ਆਟੇ ਦੇ ਬੈਗ ਭੇਜੇ ਗਏ ਹਨ ਅਤੇ ਹੋਰ ਵੀ ਸੰਸਥਾਵਾਂ ਦਿਲ ਖੋਲ ਕੇ ਮਦਦ ਕਰ ਰਹੀਆਂ ਹਨ, ਜਿੰਨਾ ਦਾ ਮੈਂ ਦਿਲੋਂ ਧੰਨਵਾਦ ਕਰਦਾ ਹਾਂ। ਉਨਾਂ ਰਾਸ਼ਨ ਦੀ ਵੰਡ ਕਰ ਰਹੇ ਕਰਮਚਾਰੀਆਂ ਤੇ ਅਧਿਕਾਰੀਆਂ ਦੀ ਵੀ ਪ੍ਰੰਸਾਸ ਕਰਦੇ ਕਿਹਾ ਕਿ ਤੁਹਾਡੇ ਵੱਲੋਂ ਇੰਨਾ ਦਿਨਾਂ ਵਿਚ ਕੀਤਾ ਗਿਆ ਕੰਮ ਇਨਸਾਨੀਅਤ ਦੀ ਸੱਚੀ ਸੇਵਾ ਹੈ। ਅੱਜ ਲੋੜਵੰਦਾਂ ਦੇ ਜੇਕਰ ਚੁੱਲੇ ਬਲ ਰਹੇ ਹਨ ਤਾਂ ਉਹ ਤੁਹਾਡੇ ਕਰਕੇ ਹੀ ਹਨ, ਕਿ ਤੁਸੀਂ ਸਹੀ ਘਰ ਤੇ ਲੋੜ ਵਾਲੇ ਤੱਕ ਹੀ ਪਹੁੰਚ ਕਰ ਰਹੇ ਹੋ। ਇਸ ਮੌਕੇ ਸ੍ਰੀ ਵਿਕਾਸ ਸੋਨੀ, ਸ੍ਰੀ ਸੁਰਿੰਦਰ ਸਿੰਘ ਛਿੰਦਾ, ਸ੍ਰੀ ਰਾਘਵ ਸੋਨੀ, ਸਰਬਜੀਤ ਸਿੰਘ ਲਾਟੀ, ਸੁਨੀਲ ਕੌਂਟੀ , ਲਖਵਿੰਦਰ ਸਿੰਘ, ਕੌਂਸਲਰ ਸ੍ਰੀ ਤਾਹਿਰ ਸ਼ਾਹ , ਸ੍ਰੀ ਰੋਹਿਤ ਪਹਿਲਵਾਨ, ਸ੍ਰੀ ਅਭਿ ਪਹਿਲਵਾਨ, ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ ਤੇ ਹੋਰ ਮੋਹਤਬਰ ਵੀ ਹਾਜ਼ਰ ਸਨ।

ਕੈਪਸ਼ਨ

ਅੰਮ੍ਰਿਤਸਰ ਕੇਂਦਰੀ ਹਲਕੇ ਲਈ ਰਾਸ਼ਨ ਦੇ ਟਰੱਕ ਰਵਾਨਾ ਕਰਦੇ ਸ੍ਰੀ ਓ ਪੀ ਸੋਨੀ।

======